ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

18:20

ਮਿਤੀ :20-02-2026

*ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ*

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ - ਬ੍ਰਾਜ਼ੀਲ, ਜੈਵਿਕ ਖੇਤੀ ਵਿੱਚ ਦਿਲਚਸਪੀ ਦਿਖਾਉਂਦਿਆਂ ਭਾਰਤ ਵਿੱਚ ਇੱਕ ਉਤਮੱਤਾ ਕੇਂਦਰ ਸਥਾਪਤ ਕਰਨ ਲਈ ਸਹਿਮਤ ਹੋਇਆ I
- ਚੋਣ ਕਮਿਸ਼ਨ ਨੇ ਪੰਜਾਬ ਸਮੇਤ 22 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਆਉਂਦੀ ਵਿਸ਼ੇਸ਼ ਤੀਬਰ ਸੋਧ (SIR) ਨਾਲ ਸਬੰਧਤ ਤਿਆਰੀਆਂ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ ।

- ਪੰਜਾਬ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਦੀ ਉਦਯੋਗਪਤੀ ਸੱਜਣ ਜਿੰਦਲ ਨਾਲ ਮੁਲਾਕਾਤ-ਰਾਜਪੁਰਾ ਵਿੱਚ ਇਸਪਾਤ ਖੇਤਰ ਵਿੱਚ 1500 ਕਰੋੜ ਨਿਵੇਸ਼ ਦਾ ਐਲਾਨ I
- ਪੰਜਾਬ ਭਰ ਵਿੱਚ ਵੱਡੇ ਪੱਧਰ 'ਤੇ 96 IAS ਅਤੇ PCS ਅਧਿਕਾਰੀਆਂ ਦੇ ਤਬਾਦਲੇ ਅਤੇ ਵਿਭਾਗ ਬਦਲੇ ਗਏ।
- ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਟਿਆਲਾ ਵਿਰਾਸਤੀ ਉਤਸਵ -2026' ਦੇ ਤਹਿਤ ਨੌਜਵਾਨਾ ਅਤੇ ਆਮ ਨਾਗਰਿਕਾਂ ਲਈ ਵਿਰਾਸਤੀ ਸੈਰ ਦਾ ਆਯੋਜਨ
- -ICC- ਟਵੈਂਟੀ -ਟਵੈਂਟੀ ਕ੍ਰਿਕਟ ਵਿਸ਼ਵ ਕੱਪ ਦੇ ਆਖਰੀ ਗਰੁੱਪ-ਬੀ ਮੈਚ ਵਿੱਚ ਆਸਟ੍ਰੇਲੀਆ ਦਾ ਸਾਹਮਣਾ ਓਮਾਨ ਨਾਲ ਸ਼ਾਮ 7 ਵਜੇ ਹੋਵੇਗਾ।

-------------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ ਬ੍ਰਾਜ਼ੀਲ ਦੇ ਖੇਤੀਬਾੜੀ ਮੰਤਰੀ ਕਾਰਲੋਸ ਫਾਵਾਰੋ ਨਾਲ ਮੁਲਾਕਾਤ ਕੀਤੀ। ਮੀਡੀਆ ਨਾਲ ਗੱਲ ਕਰਦੇ

ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਮੀਟਿੰਗ ਦੌਰਾਨ, ਬ੍ਰਾਜ਼ੀਲ ਦੇ ਖੇਤੀਬਾੜੀ ਮੰਤਰੀ ਅਤੇ ਉਨ੍ਹਾਂ ਦੀ ਟੀਮ ਨਾਲ ਖੇਤੀਬਾੜੀ ਖੇਤਰ 'ਤੇ ਲਾਭਦਾਇਕ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਕਿਹਾ BYTE:RNU200226

---------------------------------------------------------------------

ਚੋਣ ਕਮਿਸ਼ਨ ਨੇ ਪੰਜਾਬ ਸਮੇਤ 22 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਆਉਣ ਵਾਲੀ ਵਿਸ਼ੇਸ਼ ਤੀਬਰ ਸੋਧ (SIR) ਲਈ ਤਿਆਰੀਆਂ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ ਨੇ । ਕਮਿਸ਼ਨ ਨੇ ਇਨ੍ਹਾਂ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਤਿਆਰੀ ਦਾ ਕੰਮ ਪੂਰਾ ਕਰਨ ਲਈ ਕਿਹਾ ਏ । ਵਿਸ਼ੇਸ਼ ਤੀਬਰ ਸੋਧ ਦਾ ਇਹ ਗੇੜ ਇਸ ਸਾਲ ਅਪ੍ਰੈਲ ਵਿੱਚ ਸ਼ੁਰੂ ਹੋਣ ਦੀ ਉਮੀਦ ਏ । ਇਹ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿਚ ਪੰਜਾਬ, ਚੰਡੀਗੜ੍ਹ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ ਕਸ਼ਮੀਰ ਸ਼ਾਮਿਲ ਨੇ। ਕਮਿਸ਼ਨ ਨੇ ਕਿਹਾ ਕਿ SIR ਦਾ ਕੰਮ ਇਸ ਸਮੇਂ 12 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਚੱਲ ਰਿਹਾ ਏ।

---------------------------------------------------------------------

Arora

ਪੰਜਾਬ ਦੇ ਉਦਯੋਗ ਅਤੇ ਵਪਾਰ ਮੰਤਰੀ ਸੰਜੀਵ ਅਰੋੜਾ ਨੇ ਅੱਜ ਮੁੰਬਈ ਵਿੱਚ ਪ੍ਰਮੁੱਖ ਉਦਯੋਗਪਤੀ ਅਤੇ JSW Group ਦੇ ਚੇਅਰਮੈਨ ਸੱਜਣ ਜਿੰਦਲ ਨਾਲ ਮਹੱਤਵਪੂਰਨ ਮੀਟਿੰਗ ਕੀਤੀ।

ਮੀਟਿੰਗ ਦੌਰਾਨ ਸੱਜਣ ਜਿੰਦਲ ਨੇ ਰਾਜਪੁਰਾ ਵਿੱਚ ਇਸਪਾਤ ਖੇਤਰ ਵਿੱਚ 1500 ਕਰੋੜ ਦੇ ਨਿਵੇਸ਼ ਦਾ ਐਲਾਨ ਕੀਤਾ । ਉਨ੍ਹਾਂ ਨੇ ਇਹ ਵੀ ਦੱਸਿਆ ਕਿ JSW ਗਰੁੱਪ ਪੰਜਾਬ ਵਿੱਚ ਆਪਣੇ ਵੱਖ-ਵੱਖ ਕਾਰੋਬਾਰੀ ਖੇਤਰਾਂ ਵਿੱਚ ਹੋਰ ਨਿਵੇਸ਼ ਦੇ ਮੌਕਿਆਂ ਦੀ ਜਾਂਚ ਕਰੇਗਾ। ਇਸ ਤਾਜਵੀਜ਼ਸ਼ੁਦਾ ਨਿਵੇਸ਼ ਨਾਲ ਰਾਜ ਦੀ ਉਤਪਾਦਨ ਸਮਰੱਥਾ ਮਜ਼ਬੂਤ ਹੋਵੇਗੀ । ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਉੱਤਰੀ ਬਾਜ਼ਾਰਾਂ ਨਾਲ ਕੁਨਕਟਿਵਿਟੀ, ਮਜ਼ਬੂਤ MSME ਪ੍ਰਣਾਲੀ, ਕੁਸ਼ਲ ਮਨੁੱਖੀ ਸਰੋਤ ਅਤੇ ਇਸਪਾਤ, ਆਟੋ ਕੰਪੋਨੈਂਟਸ, ਕਪੜਾ ਉਦਯੋਗ , ਖੇਡ ਸਮਾਨ, ਫੂਡ ਪ੍ਰੋਸੈਸਿੰਗ ਵਰਗੇ ਖੇਤਰਾਂ ਵਿੱਚ ਵਿਕਸਿਤ ਉਦਯੋਗਿਕ ਕਲੱਸਟਰਾਂ ਨਾਲ ਸਜਿਆ ਹੋਇਆ ਏ । ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨਵੀਂ, ਮਜ਼ਬੂਤ ਅਤੇ ਭਵਿੱਖ-ਕੇਂਦ੍ਰਿਤ ਉਦਯੋਗਿਕ ਨੀਤੀ ਨੂੰ ਅੰਤਿਮ ਰੂਪ ਦੇਣ ਦੇ ਅਗਲੇ ਗੇੜ ਵਿੱਚ ਏ ।

------------------------------------------------------------------

ਅਨੁਸੂਚਿਤ ਜਾਤੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਜਿਲਾ ਗੁਰਦਾਸਪੁਰ 'ਚ ਲਗਾਏ ਗਏ ਸ਼ਕਾਇਤ ਨਿਵਾਰਨ ਕੈਂਪ ਦੌਰਾਨ ਮਾਮਲਿਆਂ ਦੀ ਸੁਣਵਾਈ ਕੀਤੀ ਡੇਰਾ ਬਾਬਾ ਨਾਨਕ ਦੇ ਪਿੰਡ ਕੋਟਲੀ ਸੂਰਤ ਮੱਲ੍ਹੀ ਚ ਅਨੁਸੂਚਿਤ ਜਾਤੀ ਪਰਿਵਾਰ ਦੇ ਮਾਮਲੇ ਦੀ ਸੁਣਵਾਈ ਕਰਦਿਆਂ ਚੇਅਰਮੈਨ ਨੇ ਮੌਕੇ 'ਤੇ ਡੇਰਾ ਬਾਬਾ ਨਾਨਕ ਦੀ BDPO ਮਹਿਲਾ ਅਫ਼ਸਰ ਅਤੇ ਪੰਚਾਇਤ ਸਕੱਤਰ ਨੂੰ ਆਪਣੀ ਤਹਿ ਜਿੰਮੇਵਾਰੀ ਸਹੀ ਢੰਗ ਨਾਲ ਨਾ ਨਿਬਾਉਣ ਕਰਕੇ ਮੌਕੇ 'ਤੇ ਮੁਅੱਤਲ ਕਰਨ ਅਤੇ ਸਰਪੰਚ ਖ਼ਿਲਾਫ਼ ਵੀ ਜਾਂਚ ਕਾਰਵਾਈ ਕਰਨ ਦੇ ਹੁਕਮ ਜਾਰੀ ਕੀਤੇ I

------------------------------------------------------------------

ਅਨੁਸੂਚਿਤ ਜਾਤੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਅੱਜ ਜਿਲਾ ਗੁਰਦਾਸਪੁਰ 'ਚ ਲਗਾਏ ਗਏ ਸ਼ਕਾਇਤ ਨਿਵਾਰਨ ਕੈਂਪ ਦੌਰਾਨ ਮਾਮਲਿਆਂ ਦੀ ਸੁਣਵਾਈ ਕੀਤੀ ਡੇਰਾ ਬਾਬਾ ਨਾਨਕ ਦੇ ਪਿੰਡ ਕੋਟਲੀ ਸੂਰਤ ਮੱਲ੍ਹੀ ਚ ਅਨੁਸੂਚਿਤ ਜਾਤੀ ਪਰਿਵਾਰ ਦੇ ਮਾਮਲੇ ਦੀ ਸੁਣਵਾਈ ਕਰਦਿਆਂ ਚੇਅਰਮੈਨ ਨੇ ਮੌਕੇ 'ਤੇ ਡੇਰਾ ਬਾਬਾ

ਨਾਨਕ ਦੀ BDPO ਮਹਿਲਾ ਅਫ਼ਸਰ ਅਤੇ ਪੰਚਾਇਤ ਸਕੱਤਰ ਨੂੰ ਆਪਣੀ ਤਹਿ ਜਿੰਮੇਵਾਰੀ ਸਹੀ ਢੰਗ ਨਾਲ ਨਾ ਨਿਬਾਉਣ ਕਰਕੇ ਮੌਕੇ 'ਤੇ ਮੁਅੱਤਲ ਕਰਨ ਅਤੇ ਸਰਪੰਚ ਖ਼ਿਲਾਫ਼ ਵੀ ਜਾਂਚ ਕਾਰਵਾਈ ਕਰਨ ਦੇ ਹੁਕਮ ਜਾਰੀ ਕੀਤੇ I

--------------------------------------------------------------------

ਪੰਜਾਬ ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਨਿਯੁਕਤ ਕੀਤੇ 8 ਨਵ-ਨਿਯੁਕਤ ਕਲਰਕਾਂ ਨੂੰ ਨਿਯੁਕਤੀ ਪੱਤਰ ਸੌਂਪੇ। ਵਿਭਾਗ ਵਿੱਚ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਮੈਰਿਟ ਅਧਾਰਿਤ ਪ੍ਰਕਿਰਿਆ ਰਾਹੀਂ ਨਿਯੁਕਤ ਕੀਤੇ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਮੰਤਰੀ ਨੇ ਉਨ੍ਹਾਂ ਨੂੰ ਲੋਕ-ਹਿਤ ਵਿੱਚ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦੀ ਅਪੀਲ ਕੀਤੀ। ਮੰਤਰੀ ਨੇ ਕਿਹਾ ਕਿ ਇਹ ਵਿਭਾਗ ਬਜ਼ੁਰਗਾਂ, ਔਰਤਾਂ ਅਤੇ ਬੱਚਿਆਂ ਨਾਲ ਸਬੰਧਤ ਅਹਿਮ ਸੇਵਾਵਾਂ ਨਾਲ ਜੁੜਿਆ ਹੋਇਆ ਏ । ਇਸ ਲਈ ਹਰ ਕਰਮਚਾਰੀ ਦੀ ਭੂਮਿਕਾ ਬਹੁਤ ਮਹੱਤਵਪੂਰਨ ਏ ਅਤੇ ਸਰਕਾਰੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਕਰਮਚਾਰੀਆਂ ਦਾ ਸਮਰਪਣ ਭਾਵ ਨਾਲ ਕੰਮ

ਕਰਨਾ ਬਹੁਤ ਜ਼ਰੂਰੀ ਏ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਰੀਆਂ ਨਿਯੁਕਤੀਆਂ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਮੈਰਿਟ ਅਧਾਰਿਤ ਢੰਗ ਨਾਲ ਕੀਤੀਆਂ ਜਾ ਰਹੀਆਂ ਨੇ।

---------------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਮੋਹਾਲੀ ਵਿੱਚ ਆਯੋਜਿਤ ਰਾਜ ਕਰਜ਼ ਸੈਮੀਨਾਰ ਦੌਰਾਨ ਖੇਤੀਬਾੜੀ ਅਤੇ ਦਿਹਾਤੀ ਵਿਕਾਸ ਬਾਰੇ ਰਾਸ਼ਟਰੀ ਬੈਂਕ -ਨਾਬਾਰਡ) ਵੱਲੋਂ ਤਿਆਰ ਕੀਤਾ ਗਿਆ ਸਟੇਟ ਫੋਕਸ ਪੇਪਰ 2026-27 ਜਾਰੀ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਪੰਜਾਬ ਦੀ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਨੂੰ ਗਤੀ ਦੇਣ ਵਿੱਚ ਨਾਬਾਰਡ ਦੇ ਮਹੱਤਵਪੂਰਨ ਯੋਗਦਾਨ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਨਾਬਾਰਡ ਵੱਲੋਂ ਖੇਤੀਬਾੜੀ, ਸਿੱਖਿਆ ਅਤੇ ਸਮਾਜਿਕ ਖੇਤਰਾਂ ਵਿੱਚ ਵਿਕਾਸ ਲਈ ਕਈ ਕਰਜ਼ਾ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਅੱਜ ਜਾਰੀ ਕੀਤੇ ਸਟੇਟ ਫੋਕਸ ਪੇਪਰ ਵਿੱਚ ਪੰਜਾਬ ਲਈ ਤਰਜੀਹੀ ਖੇਤਰ ਹੇਠ ਕੁੱਲ 3 ਕਰੋੜ 8 ਲਖ 66 ਹਜ਼ਾਰ

ਤੋਂ ਵੱਧ ਰੁਪਏ ਦੀ ਕਰਜ਼ਾ ਸੰਭਾਵਨਾ ਦਾ ਅਨੁਮਾਨ ਲਗਾਇਆ ਗਿਆ ਏ ।ਇਸ ਵਿੱਚ ਫਾਰਮ ਕਰੈਡਿਟ, ਖੇਤੀਬਾੜੀ ਢਾਂਚਾਗਤ ਵਿਕਾਸ, ਸਹਾਇਕ ਗਤੀਵਿਧੀਆਂ ਸਮੇਤ ਹੋਰ ਕਈ ਖੇਤਰ ਸ਼ਾਮਲ ਹਨ। ਉਨ੍ਹਾਂ ਨਾਬਾਰਡ ਨੂੰ ਫਸਲੀ ਵਿਭਿੰਨਤਾ ਦੇ ਯਤਨਾਂ ਵਿੱਚ ਰਾਜ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ । ਇਸ ਮੌਕੇ ਪ੍ਰਗਤੀਸ਼ੀਲ ਐੱਫ.ਪੀ.ਓਜ਼, ਸਵੈ ਸਹਾਇਤਾ ਸਮੂਹਾਂ ਅਤੇ ਡ੍ਰੈਗਨ ਫਰੂਟ ਉਤਪਾਦਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

--------------------------------------------------------------------

IAS & PCS-1

ਪੰਜਾਬ ਭਰ ਵਿੱਚ ਵੱਡੇ ਪੱਧਰ ਤੇ 96 IAS ਅਤੇ PCS ਅਧਿਕਾਰੀਆਂ ਦੇ ਤਬਾਦਲੇ ਅਤੇ ਵਿਭਾਗ ਬਦਲ ਦਿੱਤੇ ਗਏ ਨੇ ।

ਇਹਨਾਂ ਵਿੱਚ 8-IAS ਅਤੇ 78-PCS ਅਧਿਕਾਰੀ ਸ਼ਾਮਿਲ ਨੇ I ਤਰਨ ਤਾਰਨ ਦੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਰਾਜਦੀਪ ਸਿੰਘ ਬਰਾੜ ਦਾ ਤਬਾਦਲਾ ਬਠਿੰਡਾ ਵਿਖੇ ਬਤੌਰ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਤੇ ਬਠਿੰਡਾ ਵਿਕਾਸ ਅਥਾਰਟੀ ਦੇ ਮੁੱਖ ਪ੍ਰਸ਼ਾਸਕ ਵਜੋਂ ਕਰ ਦਿੱਤਾ ਗਿਆ ਏ ।

ਪੰਜਾਬ ਪੂੰਜੀ ਪ੍ਰੋਤਸਾਹਨ ਬਿਊਰੋ ਦੇ ਵਧੀਕ ਕਾਰਜਕਾਰੀ ਅਫਸਰ ਰੁਬਿੰਦਰਜੀਤ ਸਿੰਘ ਬਰਾੜ, ਜਿਨਾਂ ਕੋਲ ਪ੍ਰਵਾਸੀ ਮਾਮਲੇ ਵਿਭਾਗ ਦੇ ਵਧੀਕ ਸਕੱਤਰ ਦਾ ਵੀ ਵਾਧੂ ਚਾਰਜ ਏ, ਉਹਨਾਂ ਨੂੰ ਸਥਾਨਕ ਸਰਕਾਰਾਂ ਵਿਭਾਗ ਦੇ ਵਧੀਕ ਸਕੱਤਰ ਦਾ ਵੀ ਵਾਧੂ ਚਾਰਜ ਦੇ ਦਿੱਤਾ ਗਿਆ ਏ । 2022 ਬੈਚ ਦੀ ਖਰੜ ਵਿੱਚ ਉਪ ਮੰਡਲ ਮੈਜਿਸਟਰੇਟ ਵਜੋਂ ਤੈਨਾਤ IAS ਅਧਿਕਾਰੀ ਦਿਵਆ ਪੀ. ਨੂੰ ਬਦਲ ਕੇ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਜਲੰਧਰ ਦਾ ਕਾਰਜ ਭਾਰ ਸੌਂਪ ਦਿੱਤਾ ਗਿਆ ਏ ,

---------------------------------------------------------------------------

ਜਦਕਿ ਆਦਮਪੁਰ ਦੇ ਉਪਮੰਡਲ ਮੈਜਿਸਟਰੇਟ ਵਿਵੇਕ ਕੁਮਾਰ ਮੋਦੀ ਦਾ ਤਬਾਦਲਾ ਵਧੀਕ ਡਿਪਟੀ ਕਮਿਸ਼ਨਰ ਜਨਰਲ ਬਰਨਾਲਾ ਕਰ ਦਿੱਤਾ ਗਿਆ ਏ । ਇਸੇ ਤਰ੍ਹਾਂ ਹੀ ਪੀ.ਸੀ.ਐਸ ਅਧਿਕਾਰੀਆਂ ਵਿੱਚ ਸੁਲਤਾਨਪੁਰ ਲੋਧੀ ਦੀ ਉਪ-ਮੰਡਲ ਮੈਜਿਸਟਰੇਟ ਅਲਕਾ ਕਾਲੀਆ ਦਾ ਤਬਾਦਲਾ ਇਸੇ ਪੋਸਟ ਤੇ ਅੰਮ੍ਰਿਤਸਰ ਕਰ ਦਿੱਤਾ ਗਿਆ ਏ ਜਦਕਿ ਜਲੰਧਰ-1 ਦੇ ਉਪ ਮੰਡਲ ਮੈਜਿਸਟਰੇਟ ਰਣਦੀਪ ਸਿੰਘ ਹੀਰ ਨੂੰ ਬਦਲ ਕੇ ਫਗਵਾੜਾ ਵਿੱਚ ਤੈਨਾਤ ਕਰ ਦਿੱਤਾ ਗਿਆ ਏ । ਸ੍ਰੀ ਹੀਰ ਦੀ ਥਾਂ ਮੁੱਖ ਮੰਤਰੀ ਖੇਤਰੀ ਅਫਸਰ ਜਲੰਧਰ ਨਵਦੀਪ ਸਿੰਘ ਨੂੰ ਬਦਲਿਆ ਗਿਆ

ਏ । ਇਹਨਾਂ ਸਾਰੇ ਸੰਬੰਧਿਤ ਅਧਿਕਾਰੀਆਂ ਨੂੰ ਨਵੀਂ ਤਨਾਤੀ ਉਤੇ ਤੁਰੰਤ ਜੁਆਇਨ ਕਰਨ ਦੀ ਹਦਾਇਤ ਕੀਤੀ ਗਈ ਏ।

-------------------------------------------------------------------

ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਏ ਜਾ ਰਹੇ 'ਪਟਿਆਲਾ ਵਿਰਾਸਤੀ ਉਤਸਵ -2026' ਦੇ ਤਹਿਤ ਅੱਜ ਨੌਜਵਾਨਾ ਅਤੇ ਆਮ ਨਾਗਰਿਕਾਂ ਲਈ ਵਿਰਾਸਤੀ ਸੈਰ ਦਾ ਆਯੋਜਨ ਕੀਤਾ ਗਿਆ I ਇਸ ਨੂੰ PRTC ਦੇ ਚੇਅਰਮੈਨ ਹਰਪਾਲ ਜੁਨੇਜਾ ਅਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਸ਼ਾਹੀ ਸਮਾਧਾਂ ਤੋਂ ਰਵਾਨਾ ਕੀਤਾ। ਇਹ ਵਿਸ਼ੇਸ਼ ਉਪਰਾਲਾ ਪਟਿਆਲਾ ਫਾਊਂਡੇਸ਼ਨ ਅਤੇ HDFC ਬੈਂਕ ਵੱਲੋਂ ਕਰਵਾਇਆ ਗਿਆ, ਜਿਸਦਾ ਮਕਸਦ ਵਿਦਿਆਰਥੀਆਂ ਅਤੇ ਪਟਿਆਲਾ ਵਾਸੀਆਂ ਨੂੰ ਆਪਣੇ ਸ਼ਹਿਰ ਦੀ ਪੁਰਾਣੀ ਅਮੀਰ ਵਿਰਾਸਤ ਨਾਲ ਜੋੜਨਾ ਏ । ਹਰਪਾਲ ਜੁਨੇਜਾ ਨੇ ਕਿਹਾ ਕਿ ਪਟਿਆਲਾ ਸ਼ਹਿਰ ਦੀ ਵਿਰਾਸਤ ਸਾਡੀ ਸਾਂਝੀ ਪਛਾਣ ਏ ਅਤੇ ਇਸ ਨੂੰ ਸਮਝਣਾ ਤੇ ਸੰਭਾਲਣਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਏ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਆਪਣੇ ਸ਼ਹਿਰ ਦੀ ਇਤਿਹਾਸਕ ਵਿਰਾਸਤ ਨਾਲ ਜਾਣੂ ਕਰਵਾਉਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਏ। ਡਿਪਟੀ ਕਮਿਸ਼ਨਰ ਨੇ ਕਿਹਾ

ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨਾਲ ਨੌਜਵਾਨ ਪੀੜ੍ਹੀ ਵਿੱਚ ਆਪਣੀ ਮਿੱਟੀ, ਸੱਭਿਆਚਾਰ ਅਤੇ ਇਤਿਹਾਸ ਪ੍ਰਤੀ ਮਾਣ ਦੀ ਭਾਵਨਾ ਪੈਦਾ ਹੁੰਦੀ ਹੈ। ਓਹਨਾ ਪਟਿਆਲਾ ਫਾਊਂਡੇਸ਼ਨ ਦੇ ਯਤਨਾਂ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਉਪਰਾਲਾ ਭਵਿੱਖ ਵਿੱਚ ਵੀ ਜਾਰੀ ਰਹਿਣਾ ਚਾਹੀਦਾ ਏ । ਵਿਰਾਸਤੀ ਸੈਰ ਵਿਚ ਹਿੱਸਾ ਲੈਣ ਵਾਲਿਆਂ ਨੂੰ ਰਿਆਸਤ ਦੇ ਇਤਿਹਾਸ ਅਤੇ ਵਿਰਾਸਤ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

---------------------------------------------------------------------------

ਅੰਤਰ-ਰਾਸ਼ਟਰੀ ਮਾਤ ਭਾਸ਼ਾ ਦਿਵਸ-2026 ਦੀ ਮਹੱਤਤਾ ਨੂੰ ਮਾਨਤਾ ਦੇਣ ਅਤੇ ਮਾਂ ਬੋਲੀ ਪੰਜਾਬੀ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਅੱਜ ਪੰਜਾਬ ਦੇ ਮੁੱਖ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਧੰਨਾ ਨੇ ਸਾਹਿਤਕ **ਕਿਤਾਬਚਾ** ਜਾਰੀ ਜਾਰੀ ਕੀਤਾ । ਇਹ ਸਾਹਿਤਕ **ਕਿਤਾਬਚਾ** ਰਾਜ ਸੂਚਨਾ ਕਮਿਸ਼ਨਰ ਹਰਪ੍ਰੀਤ ਸੰਧੂ ਵੱਲੋਂ ਲਿਖਿਆ ਗਿਆ ਏ , ਜੋ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ-2026 ਦੇ ਥੀਮ ‘ਬਹੁ-ਭਾਸ਼ਾਈ ਸਿੱਖਿਆ ’ਤੇ ਨੌਜਵਾਨਾਂ ਦੀ ਆਵਾਜ਼’ ਨੂੰ ਉਜਾਗਰ ਕਰਦਿਆਂ ਸਮਾਜ ਦੇ ਵਿੱਚ ਮਾਂ ਬੋਲੀ ‘‘ਪੰਜਾਬੀ’’ ਨੂੰ ਮਾਨਤਾ ਦੇਣ ਦੀ ਲੋੜ ’ਤੇ ਜ਼ੋਰ ਦਿੰਦਾ

ਏ। ਚੰਡੀਗੜ੍ਹ ਸਥਿਤ ਪੰਜਾਬ ਸੂਚਨਾ ਕਮਿਸ਼ਨ ਹੈੱਡਕੁਆਰਟਰ ਵਿਖੇ ਕਰਵਾਏ ਸਮਾਗਮ ਦੌਰਾਨ ਪੰਜਾਬ ਰਾਜ ਸੂਚਨਾ ਕਮਿਸ਼ਨਰ, ਹਰਪ੍ਰੀਤ ਸੰਧੂ ਨੇ ਕਿਹਾ ਕਿ ਅੰਤਰਰਾਸ਼ਟਰੀ ਮਾਂ ਬੋਲੀ ਦਿਵਸ-2026 ਦਾ ਉਦੇਸ਼ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜ ਕੇ ਮਾਤ ਭਾਸ਼ਾ ਨੂੰ ਅਪਣਾਉਣ, ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਣ ਪ੍ਰਤੀ ਜਾਗਰੂਕ ਕਰਨਾ ਹੈ। ਸੁਸ਼ਾਸਨ ਅਤੇ ਸੂਚਨਾ ਤਕਨਾਲੋਜੀ ਬਾਰੇ ਵਧੀਕ ਮੁੱਖ ਸਕੱਤਰ, ਡੀ.ਕੇ. ਤਿਵਾੜੀ ਨੇ ਸਾਹਿਤਕ ਬਰੋਸ਼ਰ ਦੀ ਸ਼ਲਾਘਾ ਕੀਤੀ ਅਤੇ ਇਸਨੂੰ ਪੰਜਾਬੀ ਭਾਸ਼ਾ ਦੇ ਪ੍ਰਚਾਰ ਲਈ ਸਾਰਥਕ ਕਾਰਜ ਦੱਸਿਆ।

---

ਉਧਰ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਪੰਜਾਬੀ ਸਾਹਿਤਕ ਸੁਸਾਇਟੀ, ਸਕੂਲ ਆਫ਼ ਪੰਜਾਬੀ ਸਟੱਡੀਜ਼, ਨੇ ਮਾਤ ਭਾਸ਼ਾ ਦਿਵਸ ਮਨਾਉਣ ਲਈ ਅੱਜ ਇੱਕ ਭਾਸ਼ਣ ਅਤੇ ਕਵੀ ਦਰਬਾਰ ਦਾ ਆਯੋਜਨ ਕੀਤਾ। ਇਸ ਮੌਕੇ ਪ੍ਰਸਿੱਧ ਕਵੀ ਸਵਰਨਜੀਤ ਸਾਵੀ ਦਾ ਇੱਕ ਵਿਸ਼ੇਸ਼ ਭਾਸ਼ਣ ਵੀ ਕਰਵਾਇਆ ਗਿਆ I ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ

ਨੇ ਕਾਵ ਪੇਸ਼ਕਾਰੀਆਂ ਕੀਤੀਆਂ ਗਈਆਂ । ਵਿਭਾਗ ਦੇ ਚੇਅਰਪਰਸਨ, ਪ੍ਰੋ. ਯੋਗ ਰਾਜ ਨੇ ਮੁੱਖ ਬੁਲਾਰੇ ਅਤੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀ ਕਵੀਆਂ ਦਾ ਨਿੱਘਾ ਸਵਾਗਤ ਕਰਦਿਆਂ ਮਾਤ ਭਾਸ਼ਾ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਇਹ ਪੰਜਾਬੀ ਭਾਸ਼ਾ ਲਈ ਮਾਣ ਵਾਲੀ ਗੱਲ ਏ ਕਿ ਇਹ ਅੱਜ ਦੁਨੀਆ ਦੀ ਨੌਵੀਂ ਸਭ ਤੋਂ ਵੱਡੀ ਭਾਸ਼ਾ ਬਣ ਗਈ ਏ । ਮੁੱਖ ਬੁਲਾਰੇ ਸਵਰਨਜੀਤ ਸਾਵੀ ਨੇ ਕਿਹਾ ਕਿ ਮਾਤ ਭਾਸ਼ਾ ਨਿੱਜੀ ਪਛਾਣ ਅਤੇ ਸੱਭਿਆਚਾਰਕ ਸਬੰਧਾਂ ਦੀ ਬੁਨਿਆਦ ਏ । ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਮਾਤ ਭਾਸ਼ਾ ਵਿੱਚ ਕਵਿਤਾ ਅਤੇ ਸਿਰਜਣਾਤਮਕ ਲਿਖਤ ਰਾਹੀਂ ਆਪਣੇ ਵਿਚਾਰਾਂ ਅਤੇ ਭਾਵਨਾਵਾਂ ਨੂੰ ਪ੍ਰਗਟ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਨੌਜਵਾਨ ਲੇਖਕਾਂ ਦੀ ਆਪਣੀਆਂ ਰਚਨਾਵਾਂ ਰਾਹੀਂ ਸਮਕਾਲੀ ਸਮਾਜਿਕ ਮੁੱਦਿਆਂ ਨੂੰ ਹੱਲ ਕਰਨ ਅਤੇ ਸਾਹਿਤ ਨੂੰ ਪ੍ਰਸੰਗਿਕ ਰੱਖਣ ਦੀ ਜ਼ਿੰਮੇਵਾਰੀ 'ਤੇ ਵੀ ਚਾਨਣਾ ਪਾਇਆ।

-------------------------------------------------------------------

ਜਲੰਧਰ ਖੇਤਰੀ ਪਾਸਪੋਰਟ ਦਫਤਰ ਵਿਚ 25 ਫਰਵਰੀ ਨੂੰ ਪਾਸਪੋਰਟ ਅਦਾਲਤ ਲਗਾਈ ਜਾ ਰਹੀ ਏ । ਪਾਸਪੋਰਟ ਅਫ਼ਸਰ ਯਸ਼ਪਾਲ ਨੇ ਦੱਸਿਆ ਕਿ ਇਹ ਪਾਸਪੋਰਟ ਅਦਾਲਤ ਲਗਾਉਣ ਦਾ ਮੰਤਵ 31 ਜਨਵਰੀ ਤੱਕ ਜਮ੍ਹਾਂ ਹੋਏ ਸਾਰੀਆਂ ਸ੍ਰੇਣੀਆਂ ਦੇ ਬਿਨੈਕਾਰਾਂ ਨੂੰ ਰਾਹਤ ਪਹੁੰਚਾਉਣ ਦਾ ਏ ਜਿਨ੍ਹਾਂ ਦੇ ਬਿਨੈਪੱਤਰ ਕਿਸੇ ਕਾਰਨ ਕਰਕੇ ਬਕਾਇਆ ਰਹਿ ਗਏ ਹਨ। ਉਨ੍ਹਾਂ ਕਿਹਾ ਕਿ ਯੋਗ ਬਿਨੈਕਾਰਜ ਨਿਸ਼ਚਿਤ ਤਰੀਕ ਨੂੰ ਲੋੜੀਂਦੇ ਦਸਤਾਵੇਜ਼ ਨਾਲ ਲੈ ਕੇ ਸਵੇਰੇ 9:30 ਵਜੇ ਤੋਂ ਦੁਪਹਿਰ 12:30 ਵਜੇ ਤੱਕ ਆ ਸਕਦੇ ਹਨ ਤਾਂ ਜੋ ਬਕਾਇਆ ਬਿਨੈਪੱਤਰਾਂ ਦੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਤੇਜ਼ ਕੀਤਾ ਜਾ ਸਕੇ। ਉਨ੍ਹਾਂ ਸਪਸ਼ਟ ਕੀਤਾ ਕਿ ਵਿਦੇਸ਼ ਮਾਮਲੇ ਮੰਤਰਾਲੇ ਵਲੋਂ ਪਾਸਪੋਰਟ ਅਰਜ਼ੀਆਂ ਦੀ ਪ੍ਰਕਿਰਿਆ ਲਈ ਕਿਸੇ ਵੀ ਸੰਸਥਾ ਜਾਂ ਸਾਲਸੀ ਨੂੰ ਅਧਿਕਾਰਤ ਨਹੀਂ ਕੀਤਾ ਗਿਆ। ਉਨ੍ਹਾਂ ਬਿਨੈਕਾਰਾਂ ਨੂੰ ਸਲਾਹ ਦਿੱਤੀ ਕਿ ਵਿਦੇਸ਼ ਮਾਮਲੇ ਵਿਭਾਗ ਦੀ ਅਧਿਕਾਰਤ ਵੈਬਸਾਈਟ passport india.gov.in ਰਾਹੀਂ ਅਪਲਾਈ ਕੀਤਾ ਜਾਵੇ ਅਤੇ ਕਿਸੇ ਵੀ ਏਜੰਟ ਜਾਂ ਵਿਚੋਲੇ ਦੇ ਝਾਂਸੇ ਵਿੱਚ ਨਾ ਆਉਣ। ਉਨ੍ਹਾਂ

ਕਿਹਾ ਕਿ ਬਿਨੈਕਾਰ ਪਾਸਪੋਰਟ ਸਬੰਧੀ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਲਈ ਦਫ਼ਤਰ ਆ ਸਕਦੇ ਹਨ ।

---------------------------------------------------------------------------

ICC- ਟਵੈਂਟੀ -ਟਵੈਂਟੀ ਕ੍ਰਿਕਟ ਵਿਸ਼ਵ ਕੱਪ ਦੇ ਆਖਰੀ ਗਰੁੱਪ-ਬੀ ਮੈਚ ਵਿੱਚ ਆਸਟ੍ਰੇਲੀਆ ਦਾ ਸਾਹਮਣਾ ਓਮਾਨ ਨਾਲ ਹੋਵੇਗਾ । ਇਹ ਮੈਚ ਸ਼੍ਰੀਲੰਕਾ ਦੇ ਪੱਲੇਕੇਲੇ ਵਿੱਚ ਭਾਰਤੀ ਸਮੇਂ ਅਨੁਸਾਰ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਦੋਵੇਂ ਟੀਮਾਂ ਪਹਿਲਾਂ ਹੀ ਟੂਰਨਾਮੈਂਟ ਤੋਂ ਬਾਹਰ ਹੋ ਗਈਆਂ ਨੇ । ਜ਼ਿੰਬਾਬਵੇ ਅਤੇ ਸ਼੍ਰੀਲੰਕਾ ਨੇ ਗਰੁੱਪ-ਬੀ ਤੋਂ ਸੁਪਰ-8 ਗੇੜ ਲਈ ਕੁਆਲੀਫਾਈ ਕਰ ਲਿਆ ਏ । ਸੁਪਰ ਅੱਠ ਗੇੜ ਦੇ ਮੈਚ ਕੱਲ੍ਹ ਸ਼ੁਰੂ ਹੋਣਗੇ। ਗਰੁੱਪ 2 ਦਾ ਪਹਿਲਾ ਮੈਚ ਨਿਊਜ਼ੀਲੈਂਡ ਅਤੇ ਪਾਕਿਸਤਾਨ ਵਿਚਕਾਰ ਕੋਲੰਬੋ ਦੇ ਆਰ. ਪ੍ਰੇਮਦਾਸਾ ਸਟੇਡੀਅਮ ਵਿੱਚ ਹੋਵੇਗਾ । ਭਾਰਤ ਐਤਵਾਰ ਨੂੰ ਦੱਖਣੀ ਅਫਰੀਕਾ ਖਿਲਾਫ ਆਪਣਾ ਪਹਿਲਾ ਸੁਪਰ-8 ਗੇੜ ਦਾ ਮੈਚ ਖੇਡੇਗਾ। ਇਹ ਮੈਚ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਸ਼ਾਮ 7 ਵਜੇ ਸ਼ੁਰੂ ਹੋਵੇਗਾ । ਵਿਸ਼ਵ

ਕੱਪ ਸੈਮੀਫਾਈਨਲ 4 ਅਤੇ 5 ਮਾਰਚ ਨੂੰ ਖੇਡਿਆ ਜਾਵੇਗਾ, ਫਾਈਨਲ 8 ਮਾਰਚ ਨੂੰ ਹੋਵੇਗਾ।

---

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ - ਬ੍ਰਾਜ਼ੀਲ, ਜੈਵਿਕ ਖੇਤੀ ਵਿੱਚ ਦਿਲਚਸਪੀ ਦਿਖਾਉਂਦਿਆਂ ਭਾਰਤ ਵਿੱਚ ਇੱਕ ਉਤਮੱਤਾ ਕੇਂਦਰ ਸਥਾਪਤ ਕਰਨ ਲਈ ਸਹਿਮਤ ਹੋਇਆ I
- ਚੋਣ ਕਮਿਸ਼ਨ ਨੇ ਪੰਜਾਬ ਸਮੇਤ 22 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਆਉਂਦੀ ਵਿਸ਼ੇਸ਼ ਤੀਬਰ ਸੋਧ (SIR) ਨਾਲ ਸਬੰਧਤ ਤਿਆਰੀਆਂ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ।
- ਪੰਜਾਬ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਦੀ ਉਦਯੋਗਪਤੀ ਸੱਜਣ ਜਿੰਦਲ ਨਾਲ ਮੁਲਾਕਾਤ-ਰਾਜਪੁਰਾ ਵਿੱਚ ਇਸਪਾਤ ਖੇਤਰ ਵਿੱਚ 1500 ਕਰੋੜ ਨਿਵੇਸ਼ ਦਾ ਐਲਾਨ I

- ਪੰਜਾਬ ਭਰ ਵਿੱਚ ਵੱਡੇ ਪੱਧਰ 'ਤੇ 96 IAS ਅਤੇ PCS ਅਧਿਕਾਰੀਆਂ ਦੇ ਤਬਾਦਲੇ ਅਤੇ ਵਿਭਾਗ ਬਦਲੇ ਗਏ ।
- ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਟਿਆਲਾ ਵਿਰਾਸਤੀ ਉਤਸਵ -2026' ਦੇ ਤਹਿਤ ਨੌਜਵਾਨਾ ਅਤੇ ਆਮ ਨਾਗਰਿਕਾਂ ਲਈ ਵਿਰਾਸਤੀ ਸੈਰ ਦਾ ਆਯੋਜਨ
- -ICC- ਟਵੈਂਟੀ -ਟਵੈਂਟੀ ਕ੍ਰਿਕਟ ਵਿਸ਼ਵ ਕੱਪ ਦੇ ਆਖਰੀ ਗਰੁੱਪ-ਬੀ ਮੈਚ ਵਿੱਚ ਆਸਟ੍ਰੇਲੀਆ ਦਾ ਸਾਹਮਣਾ ਓਮਾਨ ਨਾਲ ਸ਼ਾਮ 7 ਵਜੇ ਹੋਵੇਗਾ ।

-

***ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !***